# ਬੁੱਢੇਵਾਲ ਪਬਲਿਕ ਸਕੂਲ ਨੇ 3-0 ਨਾਲ ਜਿੱਤਿਆ ਇੰਟਰ ਮਿਲਾਨ ਸਾਕਰ ਸਟਾਰਜ਼ਾ ਜ਼ੋਨਲ ਫੁੱਟਬਾਲ ਟੂਰਨਾਮੈਂਟ



ਫੋਟੋ: ਨੀਲ ਕਮਲ

ਲੁਧਿਆਣਾ, 19 ਜਨਵਰੀ (ਰਾਜ ਜੋਸ਼ੀ): ਅਖਿਲ ਭਾਰਤੀ ਟਾਟਾ ਟੀ ਜਾਗੋ ਰੇ ਇੰਟਰ ਮਿਲਾਨ ਸਾਕਰ ਸਟਾਰਜ਼ ਦੇ 5ਵੇਂ ਭਾਗ ਦਾ ਅਯੋਜਨ ਅੱਜ ਨਿਰਮਲ ਸਪੋਰਟਸ ਕੰਪਲੈਕਸ, ਸੈਕਟਰ —38, ਲੁਧਿਆਣਾ ਦੇ ਫੁੱਟਬਾਲ ਸਟੇਡੀਅਮ 'ਚ ਕੀਤਾ ਗਿਆ। 32 ਸਕੂਲਾਂ ਅਤੇ 350 ਤੋਂ ਜ਼ਿਆਦਾ ਬੱਚਿਆਂ ਨੇ ਇਸ ਟੂਰਨਾਮੈਂਟ 'ਚ ਭਾਗ ਲਿਆ। ਲੁਧਿਆਣਾ ਜੋਨਲ ਫੁੱਟਬਾਲ ਟੂਰਨਾਮੈਂਟ ਫਾਈਨਲ ਬੁੱਢੇਵਾਲ ਪਬਲਿਕ ਸਕੂਲ ਅਤੇ ਟੈਗੋਰ ਇੰਟਰਨੇਸ਼ਨਲ ਸਕੂਲ ਵਿਚਕਾਰ ਖੇਡਿਆ ਗਿਆ। ਬੁੱਢੇਵਾਲ ਪਬਲਿਕ ਸਕੂਲ ਨੇ ਟੈਗੋਰ ਇੰਟਰਨੇਸ਼ਨਲ ਸਕੂਲ ਨੂੰ 3-0 ਨਾਲ ਹਰਾ ਕੇ ਫਾਈਨਲ ਜਿੱਤ ਲਿਆ। ਬੁੱਢੇਵਾਲ ਪਬਲਿਕ ਸਕੂਲ ਦੀ ਤਰਫ ਤੋਂ ਆਸ਼ੀਸ਼ ਨੇ 2 ਅਤੇ ਸੁਖਮਨ ਨੇ ਇੱਕ ਗੋਲ ਕੀਤਾ।